# ਵਰਲਡ ਪੰਜਾਬੀ ਟਾਈਮਜ਼
# WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162, +1 (431) 458-6922

ਮੁੱਖ ਸੰਪਾਦਕ : ਡਾ. ਸੁਰਜੀਤ ਸਿੰਘ   ਸਹਿ ਸੰਪਾਦਕ: ਨਵਜੋਤ ਬਿਲਿੰਗ   ਬਿਊਰੋ ਚੀਫ ਕੈਨੇਡਾ : ਅਮਰਜੀਤ ਸਿੰਘ ਬਾਵਾ   ਬਿਊਰੋ ਚੀਫ ਭਾਰਤ : ਗਗਨਦੀਪ ਗਿੱਲ

Epaper World Punjabi Times   29 ਅਗਸਤ 2026 ਦਿਨ ਸ਼ਨੀਵਾਰ   ਈ-ਪੇਪਰ ਵਰਲਡ ਪੰਜਾਬੀ ਟਾਈਮਜ਼


## ਅਧਿਆਪਕਾਂ, ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੇ ਅੱਜ ਕੋਟਕਪੂਰਾ ਵਿਖੇ ਮੁੱਖ ਮੰਤਰੀ ਪੰਜਾਬ ਦੇ ਟਵੀਟ ਅਤੇ ਪ੍ਰਸੋਨਲ ਵਿਭਾਗ ਵੱਲੋਂ ਮੁਲਾਜ਼ਮਾਂ ਨੂੰ ਧਮਕੀ ਦੇਣ ਸਬੰਧੀ ਜਾਰੀ ਪੱਤਰ ਦੀਆਂ ਕਾਪੀਆਂ ਸਾੜੀਆਂ

### ਸਾਂਝੀ ਤਾਲਮੇਲ ਕਮੇਟੀ ਦੀ ਲੁਧਿਆਣਾ ਵਿਖੇ ਸੂਬਾ ਪੱਧਰੀ ਮੀਟਿੰਗ ਅੱਜ

### ਪੰਜਾਬ ਸਰਕਾਰ ਦੇ ਖ਼ਿਲਾਫ਼ ਆਉਣ ਵਾਲੇ ਸਮੇਂ ਦੌਰਾਨ ਤਿੱਖੇ ਸੰਘਰਸ਼ਾਂ ਦਾ ਕੀਤਾ ਜਾਵੇਗਾ ਐਲਾਨ

ਵਰਲਡ ਪੰਜਾਬੀ ਟਾਈਮਜ਼
ਟਿੰਕੂ ਕੁਮਾਰ



ਕੋਟਕਪੂਰਾ, 29 ਅਗਸਤ : ਸਾਂਝੀ ਤਾਲਮੇਲ ਕਮੇਟੀ, ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰ ਸਾਂਝਾ ਫਰੰਟ, ਸਾਂਝਾ ਮੁਲਾਜ਼ਮ ਮੰਚ ਦੇ ਸੱਦੇ ਤੇ ਅੱਜ ਕੋਟਕਪੂਰਾ ਤਹਿਸੀਲ ਦੇ ਅਧਿਆਪਕਾਂ, ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੇ ਸਥਾਨਕ ਲਾਲਾ ਲਾਜਪਤ ਰਾਏ ਮਿਉਂਸਪਲ ਪਾਰਕ ਵਿੱਚ ਰੋਸ ਪ੍ਰਦਰਸ਼ਨ ਕਰਨ ਤੋਂ ਬਾਅਦ ਉਪ ਮੰਡਲ ਮੈਜਿਸਟਰੇਟ ਦੇ ਦਫਤਰ ਸਾਹਮਣੇ ਮਿਤੀ 27 ਅਗਸਤ ਨੂੰ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੇ ਟਵੀਟ ਅਤੇ ਇਸੇ ਹੀ ਦਿਨ ਪ੍ਰਸੋਨਲ ਵਿਭਾਗ ਪੰਜਾਬ ਵੱਲੋਂ ਮੁਲਾਜ਼ਮਾਂ ਨੂੰ ਧਮਕੀ ਦੇਣ ਸਬੰਧੀ ਜਾਰੀ ਕੀਤੇ ਗਏ ਪੱਤਰ ਦੀਆਂ ਕਾਪੀਆਂ ਸਾੜੀਆਂ ਗਈਆਂ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਖਿਲਾਫ ਤਿੱਖੀ ਨਾਅਰੇਬਾਜ਼ੀ ਕੀਤੀ ਗਈ। ਇਸ ਮੌਕੇ ਤੇ ਸੰਬੋਧਨ ਕਰਦਿਆਂ ਪੈਨਸ਼ਨਰ ਆਗੂ ਪ੍ਰੇਮ ਚਾਵਲਾ, ਕੁਲਵਿੰਦਰ ਸਿੰਘ ਮੌੜ, ਸੁਭਾਸ਼ ਚੰਦਰ ਸ਼ਰਮਾ, ਜਗਸੀਰ ਸਿੰਘ ਖਾਰਾ, ਕੁਲਵੰਤ ਸਿੰਘ ਚਾਨੀ, ਵੀਰ ਇੰਦਰਜੀਤ ਸਿੰਘ ਪੁਰੀ, ਪਾਵਰਕਾਮ ਪੈਨਸ਼ਨਰ ਆਗੂ ਦਰਸ਼ਨ ਕੁਮਾਰ ਬਾਵਾ, ਟੈਕਨੀਕਲ ਸਰਵਿਸਿਜ਼ ਯੂਨੀਅਨ ਦੇ ਆਗੂ ਹਰਪ੍ਰੀਤ ਸਿੰਘ ਖਾਲਸਾ, ਹਰਪ੍ਰੀਤ ਸਿੰਘ ਵਾੜਾਦੜਾਕਾ ਅਤੇ ਮਨਜੀਤ ਸਿੰਘ, ਮਿਉਂਸਪਲ ਮੁਲਾਜ਼ਮ ਯੂਨੀਅਨ ਕੋਟਕਪੂਰਾ ਦੇ ਪ੍ਰਧਾਨ ਸ਼ੁਸ਼ੀਲ ਕੁਮਾਰ, ਨਗਰ ਕੌਂਸਲ ਮੁਲਾਜ਼ਮ ਆਗੂ ਸ਼ਰਨ ਕੁਮਾਰ, ਡੈਮੋਕਰੇਟਿਕ ਟੀਚਰਜ਼ ਫਰੰਟ ਦੇ ਆਗੂ ਅਜਾਇਬ ਸਿੰਘ, ਜਤਿੰਦਰ ਸਿੰਘ ਢਿੱਲਵਾਂ, ਰਾਜ ਕੁਮਾਰ ਟੋਨੀ, ਮਾਸਟਰ ਕੇਡਰ ਯੂਨੀਅਨ ਦੇ ਆਗੂ ਜਸਜੀਤ ਸਿੰਘ, ਗੁਰਨਾਮ ਸਿੰਘ ਬਾਹਮਣਵਾਲਾ, ਜਗਦੀਪ ਸਿੰਘ, ਐਲੀਮੈਂਟਰੀ ਟੀਚਰਜ਼ ਯੂਨੀਅਨ ਦੇ ਆਗੂ ਪ੍ਰੀਤ ਭਗਵਾਨ ਸਿੰਘ, ਗੁਰਮੀਤ ਸਿੰਘ, ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਦੇ ਆਗੂ ਕੁਲਦੀਪ ਸਿੰਘ ਸਹਿਦੇਵ, ਸੁਖਚੈਨ ਸਿੰਘ ਰਾਮਸਰ, ਗੌਰਮਿੰਟ ਟੀਚਰਜ਼ ਯੂਨੀਅਨ ਦੇ ਆਗੂ ਨਵਦੀਪ ਸਿੰਘ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਪੰਜਾਬ ਸਰਕਾਰ ਤੇ ਦੋਸ਼ ਲਾਇਆ ਕਿ ਆਪਣੇ ਸਾਢੇ ਚਾਰ ਸਾਲ ਦੇ ਰਾਜ ਭਾਗ ਦੌਰਾਨ ਲਗਾਤਾਰ ਮੁਲਾਜ਼ਮ ਅਤੇ ਪੈਨਸ਼ਨਰ ਵਿਰੋਧੀ ਫੈਸਲੇ ਕੀਤੇ ਹਨ ਅਤੇ ਵਾਰ ਵਾਰ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀ ਸਾਂਝੀ ਲੀਡਰਸ਼ਿਪ ਨੂੰ ਮੀਟਿੰਗਾਂ ਦਾ ਸਮਾਂ ਦੇ ਕੇ ਗੱਲਬਾਤ ਤੋਂ ਭਗੌੜੇ ਹੋ ਗਏ ਹਨ। ਆਗੂਆਂ ਨੇ ਸਮੂਹ ਮੁਲਾਜ਼ਮ ਅਤੇ ਪੈਨਸ਼ਨਰ ਵਰਗ ਨੂੰ ਸੱਦਾ ਦਿੱਤਾ ਕਿ ਆਮ ਆਦਮੀ ਪਾਰਟੀ ਨੂੰ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਸਬਕ ਸਿਖਾਉਣ ਲਈ ਅੱਜ ਤੋਂ ਹੀ ਕਮਰਕਸੇ ਕੱਸ ਲੈਣ।

ਆਗੂਆਂ ਵੱਲੋਂ ਪੰਜਾਬ ਸਰਕਾਰ ਨੂੰ ਚੇਤਾਵਨੀ ਦਿਤੀ ਗਈ ਕਿ ਜੇਕਰ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦਾ ਬਣਦਾ 18 ਫੀਸਦੀ ਡੀ ਏ ਨਾ ਦਿੱਤਾ ਗਿਆ, ਪੁਰਾਣੀ ਪੈਨਸ਼ਨ ਸਕੀਮ ਬਹਾਲ ਨਾ ਕੀਤੀ ਗਈ, ਕੱਚੇ ਮੁਲਾਜ਼ਮਾਂ ਨੂੰ ਰੈਗੂਲਰ ਨਾ ਕੀਤਾ ਗਿਆ, ਆਸ਼ਾ ਵਰਕਰਾਂ, ਮਿਡ ਡੇ ਮੀਲ ਵਰਕਰਾਂ ਅਤੇ ਆਂਗਣਵਾੜੀ ਵਰਕਰਾਂ ਦੀਆਂ ਉਜ਼ਰਤਾਂ ਵਿੱਚ ਢੁੱਕਵਾਂ ਵਾਧਾ ਨਾ ਕੀਤਾ ਗਿਆ, ਮਿਤੀ 15-1-2015 ਦਾ ਮੁੱਢਲੀ ਤਨਖਾਹਾਂ ਤੇ ਭਰਤੀ ਕਰਨ ਸਬੰਧੀ ਪੱਤਰ ਰੱਦ ਨਾ ਕੀਤਾ ਗਿਆ, ਮਿਤੀ 17-7-2020 ਤੋਂ ਬਾਅਦ ਭਰਤੀ ਮੁਲਾਜ਼ਮਾਂ ਨੂੰ ਕੇਂਦਰੀ ਪੈਟਰਨ ਅਨੁਸਾਰ ਤਨਖਾਹਾਂ ਦੇਣ ਦਾ ਪੱਤਰ ਰੱਦ ਨਾ ਕੀਤਾ ਗਿਆ ਅਤੇ ਇਸ ਸਬੰਧੀ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਅਤੇ ਮਾਨਯੋਗ ਸਰਵ ਉੱਚ ਅਦਾਲਤ ਦਾ ਫੈਸਲਾ ਸਹੀ ਦਿਸ਼ਾ ਵਿੱਚ ਲਾਗੂ ਨਾ ਕੀਤਾ ਗਿਆ ਤਾਂ ਆਉਣ ਵਾਲੇ ਸਮੇਂ ਦੌਰਾਨ ਸੰਘਰਸ਼ਾਂ ਦੀ ਰੂਪ ਰੇਖਾ ਹੋਰ ਤਿੱਖੀ ਕੀਤੀ ਜਾਵੇਗੀ। ਇਸ ਦੀ ਸਮੁੱਚੀ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ। ਆਗੂਆਂ ਨੇ ਅੱਗੇ ਕਿਹਾ ਕਿ ਕੱਲ੍ਹ ਮਿਤੀ 30 ਅਗਸਤ ਨੂੰ ਸਾਂਝੀ ਤਾਲਮੇਲ ਕਮੇਟੀ ਦੀ ਲੁਧਿਆਣਾ ਵਿਖੇ ਹੋ ਰਹੀ ਸੂਬਾ ਪੱਧਰੀ ਮੀਟਿੰਗ ਦੌਰਾਨ ਪੰਜਾਬ ਸਰਕਾਰ ਦੇ ਖਿਲਾਫ ਆਉਣ ਵਾਲੇ ਸਮੇਂ ਦੌਰਾਨ ਤਿੱਖੇ ਸੰਘਰਸ਼ਾਂ ਦੀ ਰੂਪ ਰੇਖਾ ਉਲੀਕੀ ਜਾਵੇਗੀ। ਇਸ ਸਮੇਂ ਭਰਾਤਰੀ ਤੌਰ ’ਤੇ ਪੰਜਾਬ ਸਟੂਡੈਂਟ ਯੂਨੀਅਨ ਦੇ ਆਗੂ ਸੁਖਵੀਰ ਸਿੰਘ ਨੇ ਸੰਬੋਧਨ ਕਰਦਿਆਂ ਮੁਲਾਜ਼ਮ ਅਤੇ ਪੈਨਸ਼ਨਰ ਮੰਗਾਂ ਦੀ ਪੁਰਜੋਰ ਹਮਾਇਤ ਕੀਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੱਤਪਾਲ ਸਿੰਘ, ਮਨਪ੍ਰੀਤ ਸਿੰਘ, ਅਨਿਲ ਕੁਮਾਰ, ਸਾਹਿਲ, ਰਜਿੰਦਰ ਸਿੰਘ ਲੈਕਚਰਾਰ, ਪ੍ਰਿੰਸੀਪਲ ਤਜਿੰਦਰ ਸਿੰਘ, ਇੰਸਪੈਕਟਰ ਨਛੱਤਰ ਸਿੰਘ, ਸੁਰਿੰਦਰ ਕੁਮਾਰ ਮੁਜਾਲ ਸੁਪਰਡੈਂਟ, ਸੁਖਜਿੰਦਰ ਸਿੰਘ, ਅਵਤਾਰ ਸਿੰਘ ਲੈਕਚਰਾਰ, ਰਾਮ ਸਰੂਪ, ਰੋਹਿਤ ਗਰਗ, ਸੋਮ ਨਾਥ ਅਰੋੜਾ, ਤਰਸੇਮ ਨਰੂਲਾ, ਇਕਬਾਲ ਸਿੰਘ ਮਘੇੜਾ, ਯੋਗੇਸ਼ ਰਾਜਪੂਤ, ਹਰਬੀਰ ਸਿੰਘ, ਬਲਵੰਤ ਸਿੰਘ, ਤਿਲਕ ਰਾਜ, ਸੰਜੇ ਕੁਮਾਰ, ਰਮਨ ਕੁਮਾਰ, ਬਲਵਿੰਦਰ ਸਿੰਘ, ਗੇਜ਼ ਰਾਮ ਭੌਰਾ, ਰਵਿੰਦਰ ਸਿੰਘ ਰਿੰਪੀ, ਰੇਸ਼ਮ ਸਿੰਘ ਸਰਾਂ, ਪਰਮਿੰਦਰ ਸਿੰਘ ਸੰਧੂ, ਜੋਗਿੰਦਰ ਸਿੰਘ ਸੈਂਟਰ ਹੈਡ ਟੀਚਰ, ਗੁਰਮੀਤ ਸਿੰਘ ਜਲਾਲਾਬਾਦੀ, ਮੰਦਰ ਸਿੰਘ ਲੈਕਚਰਾਰ, ਹੁਕਮ ਚੰਦ ਅਤੇ ਤੇਜਪਾਲ ਆਦਿ ਵੱਡੀ ਗਿਣਤੀ ਵਿੱਚ ਅਧਿਆਪਕ, ਮੁਲਾਜ਼ਮ ਅਤੇ ਪੈਨਸ਼ਨਰ ਵੀ ਹਾਜ਼ਰ ਸਨ।

## ਰੱਖੜੀ ਮੌਕੇ ਆਸ ਅਹਿਸਾਸ ਐਨ.ਜੀ.ਓ. ਦੀ ਨਿਵੇਕਲੀ ਪਹਿਲ, ਡੀ.ਸੀ. ਤੇ ਏ.ਆਈ.ਜੀ. ਨੂੰ ਕੁੜੀਆਂ ਨੇ ਬੰਨ੍ਹੀ ਰੱਖੜੀ

### ਡੀ.ਸੀ. ਹਿਮਾਂਸ਼ੂ ਜੈਨ ਤੇ ਏ.ਆਈ.ਜੀ. ਸਿਮਰਤ ਪਾਲ ਸਿੰਘ ਢੀਂਡਸਾ ਦੇ 25 ਕੁੜੀਆਂ ਨੇ ਬੰਨ੍ਹੀ ਰੱਖੜੀ

### ਡੀ.ਸੀ. ਹਿਮਾਂਸ਼ੂ ਜੈਨ ਨੇ ਰੱਖੜੀ ਬੰਨ੍ਹਣ ਵਾਲੀਆਂ ਸਾਰੀਆਂ ਕੁੜੀਆਂ ਨੂੰ ਤੋਹਫ਼ੇ ਕੀਤੇ ਭੇਟ

ਵਰਲਡ ਪੰਜਾਬੀ ਟਾਈਮਜ਼



ਲੁਧਿਆਣਾ, 29 ਅਗਸਤ : ਰੱਖੜੀ ਦੇ ਪਵਿੱਤਰ ਤਿਉਹਾਰ ਦੀ ਭਾਵਨਾ ਨੂੰ ਦਰਸਾਉਂਦੇ ਹੋਏ ਆਸ ਅਹਿਸਾਸ ਐਨ.ਜੀ.ਓ ਵੱਲੋਂ ਇੱਕ ਨਿੱਘਾ, ਅਰਥਪੂਰਨ ਅਤੇ ਪ੍ਰੇਰਣਾਦਾਇਕ ਸਮਾਗਮ ਕਰਵਾਇਆ ਗਿਆ। ਇਸ ਮੌਕੇ ਲਗਭਗ 25 ਨੌਜਵਾਨ ਕੁੜੀਆਂ ਨੇ ਸ੍ਰੀ ਹਿਮਾਂਸ਼ੂ ਜੈਨ, ਆਈ.ਏ.ਐਸ., ਡਿਪਟੀ ਕਮਿਸ਼ਨਰ, ਲੁਧਿਆਣਾ ਅਤੇ ਸ੍ਰੀ ਸਿਮਰਤ ਪਾਲ ਸਿੰਘ ਢੀਂਡਸਾ, ਸਹਾਇਕ ਇੰਸਪੈਕਟਰ ਜਨਰਲ (ਏ.ਆਈ.ਜੀ.), ਪੁਲਿਸ ਨੂੰ ਰੱਖੜੀ ਬੰਨ੍ਹ ਕੇ ਪਿਆਰ, ਸੁਰੱਖਿਆ, ਸਤਿਕਾਰ ਅਤੇ ਭਰੋਸੇ ਦੇ ਪਵਿੱਤਰ ਰਿਸ਼ਤੇ ਦਾ ਜਸ਼ਨ ਮਨਾਇਆ।

ਇਸ ਵਿਸ਼ੇਸ਼ ਮੌਕੇ ’ਤੇ ਪੰਜਾਬ ਬਾਲ ਅਧਿਕਾਰ ਕਮਿਸ਼ਨ ਦੀ ਵਾਈਸ ਚੇਅਰਪਰਸਨ ਸ੍ਰੀਮਤੀ ਗੁਨਜੀਤ ਰੁਚੀ ਬਾਵਾ ਨੇ ਵੀ ਸ਼ਿਰਕਤ ਕੀਤੀ। ਉਨ੍ਹਾਂ ਨੇ ਕੁੜੀਆਂ ਨਾਲ ਰੱਖੜੀ ਦਾ ਤਿਉਹਾਰ ਮਨਾਉਂਦਿਆਂ ਉਨ੍ਹਾਂ ਨੂੰ ਆਤਮ-ਵਿਸ਼ਵਾਸ, ਮਾਣ ਅਤੇ ਜ਼ਿੰਮੇਵਾਰੀ ’ਤੇ ਆਧਾਰਿਤ ਰਿਸ਼ਤਿਆਂ ਨੂੰ ਮਜ਼ਬੂਤ ਕਰਨ ਲਈ ਪ੍ਰੇਰਿਤ ਕੀਤਾ।



ਸ੍ਰੀ ਹਿਮਾਂਸ਼ੂ ਜੈਨ, ਆਈ.ਏ.ਐਸ. ਨੇ ਰੱਖੜੀ ਬੰਨ੍ਹਣ ਵਾਲੀਆਂ ਸਾਰੀਆਂ ਕੁੜੀਆਂ ਨੂੰ ਤੋਹਫ਼ੇ ਭੇਟ ਕੀਤੇ ਅਤੇ ਉਨ੍ਹਾਂ ਦੀ ਹੌਸਲਾ ਅਫ਼ਜ਼ਾਈ ਕੀਤੀ। ਉਨ੍ਹਾਂ ਨੇ ਨੌਜਵਾਨਾਂ ਨੂੰ ਸਖ਼ਤ ਮਿਹਨਤ ਕਰਨ, ਆਪਣੇ ਟੀਚਿਆਂ ਪ੍ਰਤੀ ਕੇਂਦ੍ਰਿਤ ਰਹਿਣ ਅਤੇ ਸਿੱਖਿਆ ਤੇ ਮਿਹਨਤ ਰਾਹੀਂ ਇੱਕ ਉੱਜਵਲ ਅਤੇ ਸਫਲ ਭਵਿੱਖ ਬਣਾਉਣ ਲਈ ਪ੍ਰੇਰਿਤ ਕੀਤਾ।

ਇਸ ਮੌਕੇ ਨੇਹਾ, ਸੁਮੇਘਾ, ਮੰਨਤ, ਨੈਨਾ, ਰੀਆ ਜਿੰਦਲ, ਕਰਮਜੀਤ ਕੌਰ, ਅਨੰਨਿਆ, ਰਾਧਾ ਕੁਮਾਰੀ, ਕੋਮਲ, ਉਜਾਲਾ, ਮਹਿਕ ਤਿਵਾੜੀ, ਹਿਨਾ ਰਾਣੀ, ਸ਼ਾਕਸ਼ੀ ਮਿਸ਼ਰਾ, ਸਵਾਤੀ ਕੰਧਾਰੀ, ਗੁਰਵਿੰਦਰ ਕੌਰ, ਮਹਿਕ ਕੌਰ, ਜਸਲੀਨ ਕੌਰ, ਅੰਸ਼ਿਕਾ ਰਾਣਾ, ਖੁਸ਼ੀ, ਪ੍ਰਿਯੰਕਾ, ਸ੍ਰਿਸ਼ਟੀ, ਸਾਕਸ਼ੀ ਕੁਮਾਰੀ, ਲਵਪ੍ਰੀਤ ਅਤੇ ਵੰਸ਼ਿਕਾ ਜਿੰਦਲ ਸਮੇਤ ਹੋਰ ਨੌਜਵਾਨ ਕੁੜੀਆਂ ਮੌਜੂਦ ਸਨ।

ਨੌਜਵਾਨ ਭਾਗੀਦਾਰਾਂ ਨੇ ਸੀਨੀਅਰ ਜਨਤਕ ਅਧਿਕਾਰੀਆਂ ਨਾਲ ਰੱਖੜੀ ਮਨਾਉਣ ਦਾ ਮੌਕਾ ਮਿਲਣ ’ਤੇ ਖੁਸ਼ੀ ਪ੍ਰਗਟ ਕੀਤੀ। ਅਧਿਕਾਰੀਆਂ ਨੇ ਵੀ ਕੁੜੀਆਂ ਦਾ ਨਿੱਘਾ ਸਵਾਗਤ ਕਰਦਿਆਂ ਆਸ ਅਹਿਸਾਸ ਐਨ.ਜੀ.ਓ ਦੀ ਇਸ ਪਹਿਲਕਦਮੀ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਅਜਿਹੇ ਉਪਰਾਲੇ ਬੱਚਿਆਂ ਅਤੇ ਨੌਜਵਾਨਾਂ ਨੂੰ ਜਨਤਕ ਸੰਸਥਾਵਾਂ ਨਾਲ ਜੋੜਨ ਦੇ ਨਾਲ-ਨਾਲ ਉਨ੍ਹਾਂ ਵਿੱਚ ਭਰੋਸਾ, ਸੁਰੱਖਿਆ ਅਤੇ ਸਮਾਜਿਕ ਜ਼ਿੰਮੇਵਾਰੀ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਦੇ ਹਨ।

## ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਜੇਲ੍ਹ ਰੋਡ ’ਤੇ ਖੁਦ ਝਾੜੂ ਲਗਾ ਕੇ ਪਟਿਆਲਾ ’ਚ ‘ਮਿਸ਼ਨ ਕਲੀਨ ਪੰਜਾਬ’ ਦੇ ਦੂਜੇ ਪੜਾਅ ਦੀ ਕੀਤੀ ਸ਼ੁਰੂਆਤ

### ਕਿਹਾ, ‘ਸਾਫ਼ ਪੰਜਾਬ, ਸੋਹਣਾ ਪੰਜਾਬ’ ਸਾਡੀ ਸਾਂਝੀ ਜ਼ਿੰਮੇਵਾਰੀ

### ‘ਮਿਸ਼ਨ ਕਲੀਨ ਪੰਜਾਬ’ ਸਾਫ਼-ਸੁਥਰੇ ਪੰਜਾਬ ਵੱਲ ਇੱਕ ਹੋਰ ਕਦਮ, ਹਰ ਵਾਸੀ ਪਾਵੇ ਆਪਣਾ ਯੋਗਦਾਨ-ਡਾ. ਬਲਬੀਰ ਸਿੰਘ

ਵਰਲਡ ਪੰਜਾਬੀ ਟਾਈਮਜ਼



ਪਟਿਆਲਾ, 29 ਅਗਸਤ: ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੇ ਗਏ ‘ਮਿਸ਼ਨ ਕਲੀਨ ਪੰਜਾਬ’ ਦੇ ਦੂਜੇ ਪੜਾਅ ਤਹਿਤ ਸੂਬਾ ਪੱਧਰੀ ਕੂੜਾ ਸਫ਼ਾਈ ਮੁਹਿੰਮ ਦੀ ਅੱਜ ਪਟਿਆਲਾ ਵਿਖੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਅਗਵਾਈ ਕੀਤੀ। ਇਸ ਮੌਕੇ ਉਨ੍ਹਾਂ ਨੇ ਪਟਿਆਲਾ ਅਤੇ ਪੰਜਾਬ ਵਾਸੀਆਂ ਨੂੰ ਸਫ਼ਾਈ ਨੂੰ ਆਪਣੀ ਰੋਜ਼ਾਨਾ ਜ਼ਿੰਦਗੀ ਦਾ ਹਿੱਸਾ ਬਣਾਉਣ ਅਤੇ ਸੂਬੇ ਨੂੰ ਸਾਫ਼-ਸੁਥਰਾ ਰੱਖਣ ਲਈ ਸਰਗਰਮ ਸਹਿਯੋਗ ਦੇਣ ਦਾ ਸੱਦਾ ਦਿੱਤਾ।

ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਅੱਜ ਸਵੇਰੇ ਥਾਪਰ ਇੰਸਟੀਚਿਊਟ ਤੋਂ ਜੇਲ੍ਹ ਰੋਡ ’ਤੇ ਖੁਦ ਝਾੜੂ ਲਗਾ ਕੇ ਸਫ਼ਾਈ ਕੀਤੀ ਅਤੇ ਪਟਿਆਲਾ ਵਿੱਚ ‘ਮਿਸ਼ਨ ਕਲੀਨ ਪੰਜਾਬ’ ਦੇ ਦੂਜੇ ਪੜਾਅ ਦੀ ਸ਼ੁਰੂਆਤ ਕੀਤੀ। ਇਸ ਮੌਕੇ ਉਨ੍ਹਾਂ ਦੇ ਨਾਲ ਨਗਰ ਨਿਗਮ ਦੇ ਮੇਅਰ ਕੁੰਦਨ ਗੋਗੀਆ, ਉੱਚ ਅਧਿਕਾਰੀ, ਸ਼ਹਿਰ ਵਾਸੀ ਅਤੇ ਸਮਾਜ ਸੇਵੀ ਸੰਸਥਾਵਾਂ ਦੇ ਨੁਮਾਇੰਦੇ ਵੀ ਮੌਜੂਦ ਸਨ।

ਡਾ. ਬਲਬੀਰ ਸਿੰਘ ਨੇ ‘ਮਿਸ਼ਨ ਕਲੀਨ ਪੰਜਾਬ’ ਨੂੰ ਸਾਫ਼-ਸੁਥਰੇ ਪੰਜਾਬ ਵੱਲ ਇੱਕ ਹੋਰ ਅਹਿਮ ਕਦਮ ਕਰਾਰ ਦਿੰਦਿਆਂ ਕਿਹਾ ਕਿ ਪੰਜਾਬ ਨੂੰ ਸਾਫ਼ ਅਤੇ ਸੁੰਦਰ ਬਣਾਉਣਾ ਸਿਰਫ਼ ਸਰਕਾਰ ਜਾਂ ਸਫ਼ਾਈ ਕਰਮਚਾਰੀਆਂ ਦੀ ਨਹੀਂ, ਸਗੋਂ ਹਰ ਨਾਗਰਿਕ ਦੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਸ਼ਹਿਰਾਂ ਅਤੇ ਪਿੰਡਾਂ ਨੂੰ ਸਾਫ਼-ਸੁਥਰਾ ਰੱਖਣ ਲਈ ਪੰਜਾਬ ਸਰਕਾਰ ਦਾ ਸਹਿਯੋਗ ਕਰਨ ਅਤੇ ਆਪਣੇ ਘਰਾਂ ਵਿੱਚ ਗਿੱਲੇ ਅਤੇ ਸੁੱਕੇ ਕੂੜੇ ਨੂੰ ਵੱਖਰਾ ਕਰਕੇ ਹੀ ਕੂੜਾ ਇਕੱਠਾ ਕਰਨ ਵਾਲਿਆਂ ਨੂੰ ਦੇਣ।

ਸਿਹਤ ਮੰਤਰੀ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੇ ਗਏ ‘ਮਿਸ਼ਨ ਕਲੀਨ ਪੰਜਾਬ’ ਤਹਿਤ 29 ਅਗਸਤ ਤੋਂ 7 ਸਤੰਬਰ ਤੱਕ ਚੱਲਣ ਵਾਲੇ ਇਸ 10 ਰੋਜ਼ਾ ਅਭਿਆਨ ਦਾ ਮੁੱਖ ਉਦੇਸ਼ ਕੂੜੇ ਵਾਲੀਆਂ ਥਾਵਾਂ ਦੀ ਸਫ਼ਾਈ ਕਰਕੇ ਸ਼ਹਿਰਾਂ ਅਤੇ ਪਿੰਡਾਂ ਨੂੰ ਹੋਰ ਸਾਫ਼-ਸੁਥਰਾ ਅਤੇ ਸੁੰਦਰ ਬਣਾਉਣਾ ਹੈ।

ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਸਫ਼ਾਈ ਨੂੰ ਸਿਰਫ਼ ਇੱਕ ਮੁਹਿੰਮ ਨਾ ਸਮਝਿਆ ਜਾਵੇ, ਸਗੋਂ ਇਸ ਨੂੰ ਆਪਣੀ ਰੋਜ਼ਾਨਾ ਦੀ ਜ਼ਿੰਮੇਵਾਰੀ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਭਗਵੰਤ ਮਾਨ ਸਰਕਾਰ ਦੇ ਇਸ ਉਪਰਾਲੇ ਨੂੰ ਸਫ਼ਲ ਬਣਾਉਣ ਲਈ ਹਰ ਨਾਗਰਿਕ ਆਪਣਾ ਯੋਗਦਾਨ ਜ਼ਰੂਰ ਪਾਵੇ।

ਡਾ. ਬਲਬੀਰ ਸਿੰਘ ਨੇ ‘ਮੇਰਾ ਪਟਿਆਲਾ, ਮੈਂ ਹੀ ਸੰਵਾਰਾਂ’ ਸੰਸਥਾ ਦੀ ਸ਼ਲਾਘਾ ਕਰਦਿਆਂ ਇਸ ਦੇ ਮੈਂਬਰਾਂ ਵੱਲੋਂ ਸਫ਼ਾਈ ਮੁਹਿੰਮ ਵਿੱਚ ਪਾਏ ਜਾ ਰਹੇ ਯੋਗਦਾਨ ਲਈ ਉਨ੍ਹਾਂ ਦਾ ਧੰਨਵਾਦ ਵੀ ਕੀਤਾ। ਇਸ ਦੌਰਾਨ ਨਗਰ ਨਿਗਮ ਦੇ ਸਫ਼ਾਈ ਸੇਵਕਾਂ, ਪੰਜਾਬ ਜੇਲ੍ਹ ਟ੍ਰੇਨਿੰਗ ਸਕੂਲ ਦੇ ਟ੍ਰੇਨੀਆਂ ਅਤੇ ਪਟਿਆਲਾ ਵਾਸੀਆਂ ਨੇ ਸੂਬਾ ਪੱਧਰੀ ਕੂੜਾ ਸਫ਼ਾਈ ਮੁਹਿੰਮ ਵਿੱਚ ਸਰਗਰਮੀ ਨਾਲ ਹਿੱਸਾ ਲਿਆ।

ਇਸ ਮੌਕੇ ਸੀਨੀਅਰ ਡਿਪਟੀ ਮੇਅਰ ਹਰਿੰਦਰ ਕੋਹਲੀ, ਡਿਪਟੀ ਮੇਅਰ ਜਗਦੀਪ ਸਿੰਘ ਜੱਗਾ, ਏਡੀਸੀ (ਸ਼ਹਿਰੀ ਵਿਕਾਸ) ਨਵਰੀਤ ਕੌਰ ਸੇਖੋਂ, ਵਧੀਕ ਕਮਿਸ਼ਨਰ ਸਿਮਰਪ੍ਰੀਤ ਕੌਰ, ਕੌਂਸਲਰ ਜਸਵੀਰ ਸਿੰਘ ਗਾਂਧੀ, ਕਰਨਲ ਜੇਵੀ, ਚਰਨਜੀਤ ਸਿੰਘ ਐਸਕੇ, ਜਤਿੰਦਰ ਕੌਰ, ਭੁਪਿੰਦਰ ਸਿੰਘ ਲੰਬੜਦਾਰ, ਮਨਦੀਪ ਸਿੰਘ ਵਿਰਦੀ, ਸੁਮਿਤ ਭੰਡਾਰੀ, ਹਰੀਸ਼ ਕੁਮਾਰ, ਹਰਿੰਦਰਪਾਲ ਲਾਂਬਾ, ਕੈਪਟਨ ਸੁਖਜੀਤ ਕੌਰ ਅਤੇ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਕਾਰਜਕਾਰੀ ਇੰਜੀਨੀਅਰ ਗੁਰਕਰਨ ਸਿੰਘ ਸਮੇਤ ਨਗਰ ਨਿਗਮ ਦੇ ਹੋਰ ਅਧਿਕਾਰੀ ਅਤੇ ਸਮਾਜ ਸੇਵੀ ਸੰਸਥਾਵਾਂ ਦੇ ਨੁਮਾਇੰਦੇ ਹਾਜ਼ਰ ਸਨ। ਫੋਟੋ ਕੈਪਸ਼ਨ: ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ‘ਮਿਸ਼ਨ ਕਲੀਨ ਪੰਜਾਬ’ ਦੇ ਦੂਜੇ ਪੜਾਅ ਤਹਿਤ ਸੂਬਾ ਪੱਧਰੀ ਕੂੜਾ ਸਫ਼ਾਈ ਮੁਹਿੰਮ ਦੀ ਪਟਿਆਲਾ ਦੇ ਜੇਲ੍ਹ ਰੋਡ ’ਤੇ ਅਗਵਾਈ ਕਰਦੇ ਹੋਏ।

## ਮਾਲਵਾ ਮੇਲ ਨੇ ਜਿੱਤਿਆ ਪੰਜਾਬ ਕੁਈਨਜ਼ ਕੱਪ, ਫ਼ਾਈਨਲ ਵਿੱਚ ਪੁਆਧ ਐਕਸਪ੍ਰੈਸ ਨੂੰ 7 ਵਿਕਟਾਂ ਨਾਲ ਹਰਾਇਆ

### ਬਲਤੇਜ ਸਿੰਘ ਪੰਨੂੰ ਨੇ ਕੀਤੀ ਇਨਾਮਾਂ ਦੀ ਵੰਡ

### ਕਨਿਕਾ ਆਹੂਜਾ ਸਰਵੋਤਮ ਬੱਲੇਬਾਜ਼ ਤੇ ਮੰਨਤ ਕਸ਼ਯਪ ਸਰਵੋਤਮ ਗੇਂਦਬਾਜ਼ ਬਣੀ

### ਜੇਤੂ ਟੀਮ ਨੇ ਦੋ ਲੱਖ ਅਤੇ ਉਪ ਜੇਤੂ ਨੇ ਇਕ ਲੱਖ ਰੁਪਏ ਦਾ ਇਨਾਮ ਜਿੱਤਿਆ

ਵਰਲਡ ਪੰਜਾਬੀ ਟਾਈਮਜ਼




ਪਟਿਆਲਾ, 29 ਅਗਸਤ : ਪੰਜਾਬ ਕ੍ਰਿਕਟ ਐਸੋਸੀਏਸ਼ਨ ਵੱਲੋਂ ਮਹਿਲਾ ਕ੍ਰਿਕਟ ਨੂੰ ਹੁਲਾਰਾ ਦੇਣ ਲਈ ਕਰਵਾਏ ਪੰਜਾਬ ਕੁਈਨਜ਼ ਟਵੰਟੀ-20 ਕੱਪ ਦਾ ਇੱਥੋਂ ਦੇ ਧਰੁਵ ਪਾਂਡਵ ਕ੍ਰਿਕਟ ਸਟੇਡੀਅਮ ਵਿਖੇ ਸ਼ਾਨਦਾਰ ਸਮਾਪਨ ਹੋਇਆ। ਚਾਰ ਟੀਮਾਂ ਦੇ ਇਸ ਟੂਰਨਾਮੈਂਟ ਨੂੰ ਮਾਲਵਾ ਨੇ ਜਿੱਤਿਆ। ਫ਼ਾਈਨਲ ਵਿੱਚ ਮਾਲਵਾ ਮੇਲ ਨੇ ਪੁਆਧ ਐਕਸਪ੍ਰੈਸ ਨੂੰ 7 ਵਿਕਟਾਂ ਨਾਲ ਹਰਾ ਕੇ ਕੱਪ ਜਿੱਤਿਆ। ਟੂਰਨਾਮੈਂਟ ਵਿੱਚ ਦੋ ਹੋਰ ਟੀਮਾਂ ਮਾਝਾ ਬ੍ਰਿਗੇਡ ਤੇ ਦੋਆਬਾ ਟਾਈਟਨਜ਼ ਨੇ ਵੀ ਹਿੱਸਾ ਲਿਆ।

ਅੱਜ ਖੇਡੇ ਗਏ ਫਾਈਨਲ ਮੈਚ ਉਪਰੰਤ ਆਪ ਦੇ ਜਨਰਲ ਸਕੱਤਰ ਅਤੇ ਸਟੇਟ ਮੀਡੀਆ ਇੰਚਾਰਜ ਬਲਤੇਜ ਸਿੰਘ ਪੰਨੂੰ ਨੇ ਜੇਤੂ ਖਿਡਾਰਨਾਂ ਨੂੰ ਇਨਾਮਾਂ ਦੀ ਵੰਡ ਕੀਤੀ। ਜੇਤੂ ਟੀਮ ਮਾਲਵਾ ਮੇਲ ਨੂੰ ਕੱਪ ਅਤੇ ਦੋ ਲੱਖ ਰੁਪਏ ਦੀ ਇਨਾਮ ਰਾਸ਼ੀ ਅਤੇ ਉਪ ਜੇਤੂ ਟੀਮ ਪੁਆਧ ਐਕਸਪ੍ਰੈਸ ਨੂੰ ਇੱਕ ਲੱਖ ਰੁਪਏ ਦੀ ਇਨਾਮ ਰਾਸ਼ੀ ਅਤੇ ਉਪ ਜੇਤੂ ਟਰਾਫੀ ਦਿੱਤੀ।

ਫ਼ਾਈਨਲ ਮੈਚ ਵਿੱਚ ਪੁਆਧ ਐਕਸਪ੍ਰੈਸ ਨੇ ਟਾਸ ਜਿੱਤ ਕੇ ਪਹਿਲਾਂ ਬੱਲੇਬਾਜ਼ੀ ਕਰਦਿਆਂ 19.2 ਓਵਰਾਂ ਵਿੱਚ 88 ਦੇ ਸਕੋਰ ਉੱਤੇ ਆਲ ਆਊਟ ਹੋ ਗਈ। ਪੁਆਧ ਟੀਮ ਵੱਲੋਂ ਅੰਕਿਤਾ ਪਾਠਕ ਨੇ 22 ਦੌੜਾਂ ਬਣਾਈਆਂ। ਮਾਲਵਾ ਮੇਲ ਵੱਲੋਂ ਅਲੀਸ਼ਾ ਮਹਿਤਾ ਨੇ ਚਾਰ ਵਿਕਟਾਂ ਲਈਆ। ਮਾਲਵਾ ਮੇਲ ਨੇ 18 ਓਵਰਾਂ ਵਿੱਚ ਤਿੰਨ ਵਿਕਟਾਂ ਦੇ ਨੁਕਸਾਨ ਉਤੇ 90 ਸਕੋਰ ਬਣਾ ਕੇ ਟੀਚਾ ਪੂਰਾ ਕਰ ਲਿਆ। ਮਾਲਵਾ ਵੱਲੋਂ ਅਵਨੀਤ ਕੌਰ ਸੰਧੂ ਨੇ 34 ਤੇ ਹਰਸਿਮਰਤ ਕੌਰ ਨੇ 28 ਦੌੜਾਂ ਬਣਾਈਆਂ।

ਸਮਾਪਤੀ ਸਮਾਰੋਹ ਮੌਕੇ ਵਿਅਕਤੀਗਤ ਇਨਾਮਾਂ ਦੀ ਵੀ ਵੰਡ ਕੀਤੀ ਗਈ। ਕਨਿਕਾ ਆਹੂਜਾ ਨੇ ਸੱਤ ਮੈਚਾਂ ਵਿੱਚ 287 ਦੌੜਾਂ ਬਣਾਈਆਂ ਅਤੇ ਸਰਵੋਤਮ ਬੱਲੇਬਾਜ਼ ਦਾ ਖਿਤਾਬ ਜਿੱਤਿਆ। ਮੰਨਤ ਕਸ਼ਯਪ ਨੇ ਸੱਤ ਮੈਚਾਂ ਵਿੱਚ 14 ਵਿਕਟਾਂ ਹਾਸਲ ਕੀਤੀਆਂ ਅਤੇ ਸਰਵੋਤਮ ਗੇਂਦਬਾਜ਼ ਦਾ ਖਿਤਾਬ ਜਿੱਤਿਆ। ਅਲਿਸ਼ਾ ਮਹਿਤਾ ਨੂੰ ਪਲੇਅਰ ਆਫ਼ ਦਾ ਫ਼ਾਈਨਲ ਮੈਚ ਐਵਾਰਡ ਦਿੱਤਾ ਗਿਆ।

ਜੇਤੂ ਖਿਡਾਰਨਾਂ ਨੂੰ ਵਧਾਈ ਦਿੰਦਿਆਂ ਸ. ਬਲਤੇਜ ਸਿੰਘ ਪੰਨੂੰ ਨੇ ਕਿਹਾ ਕਿ ਅੱਜ ਕੁੜੀਆਂ ਹਰ ਖੇਤਰ ਵਿੱਚ ਅੱਗੇ ਵਧ ਰਹੀਆਂ ਹਨ। ਖੇਡਾਂ ਵਿੱਚ ਕੁੜੀਆਂ ਨੂੰ ਅੱਗੇ ਵਧਣ ਲਈ ਪੰਜਾਬ ਸਰਕਾਰ ਵੱਲੋਂ ਹੋਰ ਮੌਕੇ ਦਿੱਤੇ ਜਾ ਰਹੇ ਹਨ। ਸ. ਪੰਨੂੰ ਨੇ ਪੰਜਾਬ ਕ੍ਰਿਕਟ ਐਸੋਸੀਏਸ਼ਨ ਨੂੰ ਇਸ ਟੂਰਨਾਮੈਂਟ ਦੇ ਪ੍ਰਬੰਧਨ ਲਈ ਵਧਾਈ ਦਿੱਤੀ।

ਇਸ ਮੌਕੇ ਪੰਜਾਬ ਕ੍ਰਿਕਟ ਐਸੋਸੀਏਸ਼ਨ ਨਾਲ ਜੁੜੇ ਸਾਬਕਾ ਭਾਰਤੀ ਕ੍ਰਿਕਟਰ ਗੁਰਕੀਰਤ ਸਿੰਘ ਮਾਨ, ਬਰਿੰਦਰ ਸਿੰਘ ਸਰਾਂ ਤੇ ਭੁਪਿੰਦਰ ਸਿੰਘ ਜੂਨੀਅਰ ਵੀ ਹਾਜ਼ਰ ਸਨ।